VIGILANCE BUREAU PUNJAB

# Vigilance Bureau nabs ASI for taking Rs 6000 bribe

Chandigarh May 14 -

The Punjab Vigilance Bureau (VB) during its drive against corruption in the state, on Tuesday apprehended an Assistant Sub Inspector of Police (ASI) Rajwinder Singh, posted at police station Lehra city, Sangrur district while accepting a bribe of Rs 6000.

Disclosing this here today a spokesperson of the state VB said the above mentioned accused has been arrested on a complaint lodged by Anoop Singh, a resident of Lehra town.

He further added that the complainant has approached the VB and informed that his relative Parvinder Devi was staying on rent at village Gaga. She had lodged a complaint at police station Lehra city against her landlord Rakesh Jindal about his misbehaviour. The accused ASI was not listening to her and meanwhile landlord has locked the portion of the house.

The complainant further alleged that while approaching the above said ASI then he demanded a bribe of Rs 8,000 for allowing tenant Parvinder Devi to pick her belongings from the rented accommodation. The complainant further added that the said police personnel had already taken Rs. 2000 in advance and agreed to accept 6000 as bribe in second instalment.

The spokesperson added that after preliminary verification of this complaint the VB team laid a trap and arrested ASI Rajwinder Singh red handed while accepting a bribe of Rs 6000 from the complainant in the presence of two official witnesses.

In this regard a case under prevention of corruption act has been registered at VB police station Patiala range.

The accused would be produced in the competent court tomorrow and further investigation into this case was under progress, he added.

---------

ਵਿਜੀਲੈਂਸ ਬਿਊਰੋ ਪੰਜਾਬ

## 6000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 14 ਮਈ - ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਮੰਗਲਵਾਰ ਨੂੰ ਥਾਣਾ ਲਹਿਰਾ ਸਿਟੀ, ਜ਼ਿਲ੍ਹਾ ਸੰਗਰੂਰ ਵਿਖੇ ਤਾਇਨਾਤ ਇੱਕ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ) ਰਾਜਵਿੰਦਰ ਸਿੰਘ ਨੂੰ 6000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਲਹਿਰਾ ਸ਼ਹਿਰ ਦੇ ਵਾਸੀ ਅਨੂਪ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸੰਪਰਕ ਕਰਕੇ ਦੱਸਿਆ ਹੈ ਕਿ ਉਸਦੀ ਰਿਸ਼ਤੇਦਾਰ ਪਰਵਿੰਦਰ ਦੇਵੀ ਪਿੰਡ ਗਾਗਾ ਵਿਖੇ ਕਿਰਾਏ ’ਤੇ ਰਹਿ ਰਹੀ ਸੀ। ਉਸ ਨੇ ਆਪਣੇ ਮਕਾਨ ਮਾਲਕ ਰਾਕੇਸ਼ ਜਿੰਦਲ ਵਿਰੁੱਧ ਦੇ ਦੁਰਵਿਵਹਾਰ ਖ਼ਿਲਾਫ਼ ਥਾਣਾ ਲਹਿਰਾ ਸਿਟੀ ਵਿਖੇ ਸ਼ਿਕਾਇਤ ਦਰਜ ਕਰਵਾਈ ਸੀ। ਉਕਤ ਮੁਲਜ਼ਮ ਏਐਸਆਈ ਉਸ ਦੀ ਗੱਲ ਨਹੀਂ ਸੁਣ ਰਿਹਾ ਸੀ ਅਤੇ ਇਸ ਦੌਰਾਨ ਮਕਾਨ ਮਾਲਕ ਨੇ ਘਰ ਦੇ ਉਸ ਹਿੱਸੇ ਨੂੰ ਤਾਲਾ ਲਗਾ ਦਿੱਤਾ ਜਿੱਥੇ ਉਸਦਾ ਸਮਾਨ ਪਿਆ ਸੀ।

ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਜਦੋਂ ਉਕਤ ਏ.ਐਸ.ਆਈ. ਕੋਲ ਪਹੁੰਚ ਕੀਤੀ ਤਾਂ ਉਸਨੇ ਕਿਰਾਏਦਾਰ ਪਰਵਿੰਦਰ ਦੇਵੀ ਨੂੰ ਕਿਰਾਏ ਦੀ ਰਿਹਾਇਸ਼ ਤੋਂ ਉਸਦਾ ਸਮਾਨ ਚੁਕਾਉਣ ਬਦਲੇ 8,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਪਹਿਲਾਂ ਹੀ ਉਸ ਕੋਲੋਂ 2000 ਰੁਪਏ ਲੈ ਚੁੱਕਾ ਹੈ ਅਤੇ ਦੂਜੀ ਕਿਸ਼ਤ ਵਿੱਚ 6000 ਰੁਪਏ ਰਿਸ਼ਵਤ ਲੈਣ ਲਈ ਸਹਿਮਤ ਹੋ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਏਐਸਆਈ ਰਾਜਵਿੰਦਰ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 6000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

------